# Today's Hukamnama from Sri Darbar Sahib, Sri Amritsar.

## June 8th , 2026 - Monday - 04:30 AM. IST

**ਸੋਰਠਿ ਮਹਲਾ ੫ ॥**

**ਜੀਅ ਜੰਤ੍ਰ ਸਭਿ ਤਿਸ ਕੇ ਕੀਏ ਸੋਈ ਸੰਤ ਸਹਾਈ ॥ ਅਪੁਨੇ ਸੇਵਕ ਕੀ ਆਪੇ ਰਾਖੈ ਪੂਰਨ ਭਈ ਬਡਾਈ ॥੧॥ ਪਾਰਬ੍ਰਹਮੁ ਪੂਰਾ ਮੇਰੈ ਨਾਲਿ ॥ ਗੁਰਿ ਪੂਰੈ ਪੂਰੀ ਸਭ ਰਾਖੀ ਹੋਏ ਸਰਬ ਦਇਆਲ ॥੧॥ ਰਹਾਉ ॥ ਅਨਦਿਨੁ ਨਾਨਕੁ ਨਾਮੁ ਧਿਆਏ ਜੀਅ ਪ੍ਰਾਨ ਕਾ ਦਾਤਾ ॥ ਅਪੁਨੇ ਦਾਸ ਕਉ ਕੰਠਿ ਲਾਇ ਰਾਖੈ ਜਿਉ ਬਾਰਿਕ ਪਿਤ ਮਾਤਾ ॥੨॥੨੨॥੫੦॥**

**ਸੋਮਵਾਰ, ੨੫ ਜੇਠ (ਸੰਮਤ ੫੫੮ ਨਾਨਕਸ਼ਾਹੀ) ੮ ਜੂਨ, ੨੦੨੬ (ਅੰਗ: ੬੨੧)**

ਪੰਜਾਬੀ ਵਿਆਖਿਆ:

**ਸੋਰਠਿ ਮਹਲਾ ੫ ॥**

**ਹੇ ਭਾਈ! ਸਾਰੇ ਜੀਵ ਉਸ (ਪਰਮਾਤਮਾ) ਦੇ ਹੀ ਪੈਦਾ ਕੀਤੇ ਹੋਏ ਹਨ; ਉਹ ਪਰਮਾਤਮਾ ਹੀ ਸੰਤ ਜਨਾਂ ਦਾ ਮਦਦਗਾਰ ਰਹਿੰਦਾ ਹੈ । ਆਪਣੇ ਸੇਵਕ ਦੀ (ਇੱਜ਼ਤ) ਪਰਮਾਤਮਾ ਆਪ ਹੀ ਰੱਖਦਾ ਹੈ (ਉਸ ਦੀ ਕਿਰਪਾ ਨਾਲ ਹੀ ਸੇਵਕ ਦੀ) ਇੱਜ਼ਤ ਪੂਰੇ ਤੌਰ ਤੇ ਬਣੀ ਰਹਿੰਦੀ ਹੈ ।੧। ਹੇ ਭਾਈ! ਪੂਰਨ ਪਰਮਾਤਮਾ (ਸਦਾ) ਮੇਰੇ ਅੰਗ-ਸੰਗ (ਸਹਾਈ) ਹੈ । ਪੂਰੇ ਗੁਰੂ ਨੇ ਚੰਗੀ ਤਰ੍ਹਾਂ ਮੇਰੀ (ਇੱਜ਼ਤ) ਰੱਖ ਲਈ ਹੈ । ਗੁਰੂ ਸਾਰੇ ਜੀਵਾਂ ਉੱਤੇ ਹੀ ਦਇਆਵਾਨ ਰਹਿੰਦਾ ਹੈ ।੧।ਰਹਾਉ। ਹੇ ਭਾਈ! ਨਾਨਕ (ਤਾਂ ਉਸ ਪਰਮਾਤਮਾ ਦਾ) ਨਾਮ ਹਰ ਵੇਲੇ ਸਿਮਰਦਾ ਰਹਿੰਦਾ ਹੈ ਜੋ ਜਿੰਦ ਦੇਣ ਵਾਲਾ ਹੈ ਜੋ ਸੁਆਸ ਦੇਣ ਵਾਲਾ ਹੈ । ਹੇ ਭਾਈ! ਜਿਵੇਂ ਮਾਪੇ ਆਪਣੇ ਬੱਚਿਆਂ ਦਾ ਧਿਆਨ ਰੱਖਦੇ ਹਨ, ਤਿਵੇਂ ਪਰਮਾਤਮਾ ਆਪਣੇ ਸੇਵਕ ਨੂੰ (ਆਪਣੇ) ਗਲ ਨਾਲ ਲਾ ਕੇ ਰੱਖਦਾ ਹੈ ।੨।੨੨।੫੦।**

English Translation :

**SORAT'H, FIFTH MEHL:**

All beings and creatures were created by Him; He alone is the support and friend of the Saints. He Himself preserves the honor of His servants; their glorious greatness becomes perfect. || 1 || The Perfect Supreme Lord God is always with me. The Perfect Guru has perfectly and totally protected me, and now everyone is kind and compassionate to me. || 1 || Pause || Night and day, Nanak meditates on the Naam, the Name of the Lord; He is the Giver of the soul, and the breath of life itself. He hugs His slave close in His loving embrace, like the mother and father hug their child. || 2 || 22 || 50 ||

**Monday, 25th Jayt'h (Samvat 558 Nanakshahi) 8th June, 2026 (Page: 621)**